**ਕਬੀਰ ਜੀ ਗਉੜੀ ॥ ਕਿਆ ਜਪੁ ਕਿਆ ਤਪੁ ਕਿਆ ਬ੍ਰਤ ਪੂਜਾ ॥ ਜਾ ਕੈ ਰਿਦੈ ਭਾਉ ਹੈ ਦੂਜਾ ॥੧॥ ਰੇ ਜਨ ਮਨੁ ਮਾਧਉ ਸਿਉ ਲਾਈਐ ॥ ਚਤੁਰਾਈ ਨ ਚਤੁਰਭੁਜੁ ਪਾਈਐ ॥ ਰਹਾਉ ॥ ਪਰਹਰੁ ਲੋਭੁ ਅਰੁ ਲੋਕਾਚਾਰੁ ॥ ਪਰਹਰੁ ਕਾਮੁ ਕ੍ਰੋਧੁ ਅਹੰਕਾਰੁ ॥੨॥ ਕਰਮ ਕਰਤ ਬਧੇ ਅਹੰਮੇਵ ॥ ਮਿਲਿ ਪਾਥਰ ਕੀ ਕਰਹੀ ਸੇਵ ॥੩॥ ਕਹੁ ਕਬੀਰ ਭਗਤਿ ਕਰਿ ਪਾਇਆ ॥ ਭੋਲੇ ਭਾਇ ਮਿਲੇ ਰਘੁਰਾਇਆ ॥੪॥੬॥** {ਪੰਨਾ 324}

ਪਦਅਰਥ:- ਜਾ ਕੈ ਰਿਦੈ—ਜਿਸ ਮਨੁੱਖ ਦੇ ਹਿਰਦੇ ਵਿਚ। ਦੂਜਾ ਭਾਉ—ਪਰਮਾਤਮਾ ਤੋਂ ਬਿਨਾ ਕਿਸੇ ਹੋਰ ਦਾ ਪਿਆਰ। ਕਿਆ—ਕਾਹਦਾ? ਕਿਸ ਅਰਥ? ਕਿਸ ਭਾ? ਕਿਸੇ ਅਰਥ ਨਹੀਂ।1।

ਰੇ ਜਨ—ਹੇ ਭਾਈ! ਮਾਧਉ—ਮਾਧਵ {ਮਾ—ਮਾਇਆ। ਧਵ—ਪਤੀ} ਮਾਇਆ ਦਾ ਪਤੀ ਪ੍ਰਭੂ। ਸਿਉ—ਨਾਲ। ਚਤੁਰਾਈ—ਸਿਆਣਪਾਂ ਨਾਲ। ਚਤੁਰਭੁਜੁ—{ਚਾਰ ਬਾਹਵਾਂ ਵਾਲਾ} ਪਰਮਾਤਮਾ। ਨ ਪਾਈਐ—ਨਹੀਂ ਮਿਲਦਾ।1। ਰਹਾਉ।

ਪਰਹਰੁ—{ਸੰ: ਪਰਿ+ਹ੍ਰਿ=ਤਿਆਗ ਦੇਣਾ} ਛੱਡ ਦੇਹ। ਲੋਕਾਚਾਰੁ—ਲੋਕਾਂ ਨੂੰ ਹੀ ਵਿਖਾਉਣ ਵਾਲਾ ਕੰਮ, ਵਿਖਾਵਾ, ਲੋਕ-ਪਤੀਆਵਾ।2।

ਕਰਮ—ਕਰਮ-ਕਾਂਡ, ਧਾਰਮਿਕ ਰਸਮਾਂ। ਅਹੰਮੇਵ—{ਅਹੰ—ਮੈਂ। ਏਵ—ਹੀ। } 'ਮੈਂ ਮੈਂ' ਦਾ ਖ਼ਿਆਲ; ਅਹੰਕਾਰ। ਬਧੇ—ਬੱਝ ਗਏ ਹਨ। ਮਿਲਿ—ਮਿਲ ਕੇ। ਕਰਹੀ—ਕਰਹਿ, ਕਰਦੇ ਹਨ। ਸੇਵ—ਸੇਵਾ।3।

ਕਰਿ—ਕਰ ਕੇ, ਕਰਨ ਨਾਲ। ਪਾਇਆ—ਮਿਲਦਾ ਹੈ। ਭੋਲੇ ਭਾਇ—ਭੋਲੇ ਸੁਭਾਉ ਨਾਲ। ਰਘੁਰਾਇਆ—ਪ੍ਰਭੂ।4।

ਅਰਥ:- ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਦਾ ਪਿਆਰ ਹੈ, ਉਸ ਦਾ ਜਪ ਕਰਨਾ ਕਿਸ ਭਾ? ਉਸ ਦਾ ਤਪ ਕਿਸ ਅਰਥ? ਉਸ ਦੇ ਵਰਤ ਤੇ ਪੂਜਾ ਕਿਹੜੇ ਗੁਣ?।2।

ਹੇ ਭਾਈ! ਮਨ ਨੂੰ ਪਰਮਾਤਮਾ ਨਾਲ ਜੋੜਨਾ ਚਾਹੀਦਾ ਹੈ (ਸਿਮਰਨ ਛੱਡ ਕੇ ਹੋਰ) ਸਿਆਣਪਾਂ ਨਾਲ ਰੱਬ ਨਹੀਂ ਮਿਲ ਸਕਦਾ।1। ਰਹਾਉ।

(ਹੇ ਭਾਈ!) ਲਾਲਚ, ਵਿਖਾਵਾ, ਕਾਮ, ਕ੍ਰੋਧ ਅਤੇ ਅਹੰਕਾਰ ਛੱਡ ਦੇਹ।2।

ਮਨੁੱਖ ਧਾਰਮਿਕ ਰਸਮਾਂ ਕਰਦੇ ਕਰਦੇ ਹਉਮੈ ਵਿਚ ਬੱਝੇ ਪਏ ਹਨ, ਅਤੇ ਰਲ ਕੇ ਪੱਥਰਾਂ ਦੀ (ਹੀ) ਪੂਜਾ ਕਰ ਰਹੇ ਹਨ (ਪਰ ਇਹ ਸਭ ਕੁਝ ਵਿਅਰਥ ਹੈ)।3।

ਹੇ ਕਬੀਰ! ਆਖ—ਪਰਮਾਤਮਾ ਬੰਦਗੀ ਕਰਨ ਨਾਲ (ਹੀ) ਮਿਲਦਾ ਹੈ, ਭੋਲੇ ਸੁਭਾਉ ਨਾਲ ਮਿਲਦਾ ਹੈ।4।6।

ਸ਼ਬਦ ਦਾ ਭਾਵ:- ਮਾਇਆ ਦੀ ਖ਼ਾਤਰ ਤੇ ਲੋਕ-ਵਿਖਾਵੇ ਦੀ ਖ਼ਾਤਰ ਮਨੁੱਖ ਜਪ, ਤਪ ਆਦਿਕ ਕਰਮ ਕਰਦੇ ਹਨ, ਤੇ ਸਿਆਣੇ ਬਣ ਬਣ ਕੇ ਵਿਖਾਉਂਦੇ ਹਨ—ਇਹ ਰੱਬ ਨੂੰ ਮਿਲਣ ਦਾ ਰਾਹ ਨਹੀਂ ਹੈ। ਜੇ ਪ੍ਰਭੂ ਨੂੰ ਮਿਲਣਾ ਹੈ ਤਾਂ ਉਸ ਦੀ ਭਗਤੀ ਕਰੋ ਤੇ ਬਾਲ-ਬੁੱਧ ਰਹੋ।6।

ਨੋਟ:- ਭੋਲੇ ਸੁਭਾਉ (innocence) ਅਤੇ ਅਗਿਆਨਤਾ, ਨਾਵਾਕਫ਼ੀਅਤ (ignorance) ਵਿਚ ਫ਼ਰਕ ਸਮਝਣ ਦੀ ਲੋੜ ਹੈ। ਕਿਸੇ 'ਮੂਰਤੀ' ਦੀ ਬਾਬਤ ਕਦੇ ਇਹ ਸਮਝ ਲੈਣਾ ਕਿ ਇਹ ਪਰਮਾਤਮਾ ਹੈ—ਇਹ ਭੋਲਾ ਸੁਭਾਉ ਨਹੀਂ ਹੈ, ਇਹ ਨਾਵਾਕਫ਼ੀਅਤ ਹੈ, ਇਹ ਅੰਞਾਣਪੁਣਾ ਹੈ, ਇਹ ਅਗਿਆਨਤਾ ਹੈ। ਭੋਲਾ-ਪਣ ਛੋਟੇ ਬਾਲਕ ਦਾ ਸੁਭਾਉ ਹੈ; ਕਿਸੇ ਨਾਲ ਵੈਰ ਦੀ ਪੱਕੀ ਗੰਢ ਨਾਹ ਬੰਨ੍ਹ ਲੈਣੀ, ਇਹ ਭੋਲਾਪਣ ਹੈ; ਸਭ ਬੰਦੇ ਇਕੋ ਜਿਹੇ ਜਾਪਣੇ, ਉੱਚੇ ਨੀਵੇਂ ਦਾ ਵਿਤਕਰਾ ਨਾਹ ਹੋਣਾ—ਇਹ ਭੋਲਾ-ਪਣ ਹੈ।